ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

- ਜ਼ਿਲਾ ਮੈਜਿਸਟਰੇਟ ਵੱਲੋਂ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲਣ ਦੀ ਖੁੱਲ

- ਮਾਰਕੀਟ ਕੰਪਲੈਕਸਾਂ, ਸ਼ਾਪਿੰਗ ਮਾਲਾਂ ਦੀਆਂ ਦੁਕਾਨਾਂ ਖੋਲਣ ਦੀ ਆਗਿਆ ਨਹੀਂ ਹੋਵੇਗੀ

- ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਵਿਖੇ ਜੋਨ ਅਤੇ ਦਿਨ ਵਾਈਜ਼ ਦੁਕਾਨਾਂ ਖੋਲਣ ਦਾ ਵੇਰਵਾ ਦਿੱਤਾ

- ਨਾਈ,ਸੈਲੂਨ ਦੀਆਂ ਦੁਕਾਨਾਂ ਬੰਦ ਰਹਿਣਗੀਆਂ

- ਖੇਤੀਬਾੜੀ ਖੇਤਰ,ਉਦਯੋਗ ਸੈਕਟਰ ਨੂੰ ਪਹਿਲਾਂ ਦਿੱਤੀਆਂ ਛੋਟਾਂ ਜਾਰੀ ਰਹਿਣਗੀਆਂ

ਫਰੀਦਕੋਟ 7 ਮਈ,2020 ( ) ਜ਼ਿਲਾ ਮੈਜਿਸਟਰਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐਸ ਨੇ ਜ਼ਿਲੇ ਵਿਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਤਾ ਦੇ ਵਿਚ ਪੰਜਾਬ ਸਰਕਾਰ ਦੇ ਵਧੀਕ ਮੁੱਖ ਸਕੱਤਰ ਗ੍ਰਹਿ ਅਤੇ ਨਿਆ ਮਾਲੇ ਦੇ ਪੱਤਰ ਦੇ ਸਬੰਧ ਵਿਚ ਜ਼ਿਲਾ ਫਰੀਦਕੋਟ ਅੰਦਰ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਨੂੰ ਕਰਫਿਊ ਦੌਰਾਨ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲਣ ਲਈ ਅਗਲੇ ਹੁਕਮਾਂ ਤੱਕ ਛੋਟ ਦਿੱਤੀ ਹੈ।

ਜ਼ਿਲਾ ਮੈਜਿਸਟਰੇਟ ਵੱਲੋਂ ਮਿਤੀ 6 ਮਈ 2020 ਨੂੰ ਜਾਰੀ ਆਪਣੇ ਹੁਕਮਾਂ ਵਿਚ ਕਿਹਾ ਕਿ ਪੇਂਡੂ ਖੇਤਰਾਂ ਵਿੱਚ, ਦੁਕਾਨਾਂ ਅਤੇ ਸਥਾਪਨਾ ਐਕਟ ਤਹਿਤ ਰਜਿਸਟਰਡ ਸਾਰੀਆਂ ਦੁਕਾਨਾਂ ਮਲਟੀ-ਬ੍ਰਾਂਡ ਅਤੇ ਸਿੰਗਲ-ਬ੍ਰਾਂਡ ਮਾਲਾਂ ਨੂੰ ਛੱਡ ਕੇ, ਕਾਮਿਆਂ ਦੀ 50% ਗਿਣਤੀ ਨਾਲ ਖੋਲਣ ਦੀ ਆਗਿਆ ਦਿੱਤੀ ਹੈ।

ਸ਼ਹਿਰੀ ਖੇਤਰਾਂ ਵਿੱਚ, ਰਿਹਾਇਸ਼ੀ ਕੰਪਲੈਕਸਾਂ ਵਿੱਚ ਸਾਰੀਆਂ ਦੁਕਾਨਾਂ, ਨੇਬਰਹੁਡ ਦੀਆਂ ਦੁਕਾਨਾਂ ਅਤੇ ਰਿਹਾਇਸ਼ੀ ਖੇਤਰ ਵਿਚ ਦੁਕਾਨਾਂ ਖੋਲਣ ਦੀ ਆਗਿਆ ਹੈ।

ਮਾਰਕੀਟ ਕੰਪਲੈਕਸਾਂ ਅਤੇ ਸ਼ਾਪਿੰਗ ਮਾਲਾਂ ਵਿਚ ਦੁਕਾਨਾਂ ਖੋਲਣ ਦੀ ਆਗਿਆ ਨਹੀਂ ਹੈ।ਜ਼ਿਲਾ ਮੈਜਿਸਟਰੇਟ ਵੱਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਵਾਲੀਆਂ ਦੁਕਾਨਾਂ ਨੂੰ ਹੀ ਖੋਲਣ ਦੀ ਆਗਿਆ ਦਿੱਤੀ ਗਈ ਹੈ।

ਸੈਲੂਨ, ਨਾਈ ਦੀਆਂ ਦੁਕਾਨਾਂ ਆਦਿ ਸੇਵਾਵਾਂ ਵਾਲੀਆਂ ਦੁਕਾਨਾਂ ਅਤੇ ਅਦਾਰੇ ਬੰਦ ਰਹਿਣਗੇ।

ਈ-ਕਾਮਰਸ ਕੰਪਨੀਆਂ ਨੂੰ ਸਿਰਫ ਜਰੂਰੀ ਵਸਤਾਂ ਦੀ ਸਪਲਾਈ ਜਾਰੀ ਰੱਖਣ ਦੀ ਆਗਿਆ ਹੋਵੇਗੀ।

ਪੇਂਡੂ ਖੇਤਰ ਵਿੱਚ ਹਰ ਕਿਸਮ ਦੀਆਂ ਨਵੀਆਂ ਉਸਾਰੀਆਂ ਨੂੰ ਬਿਨਾਂ ਕਿਸੇ ਪਾਬੰਦੀਆਂ ਦੇ ਜਾਰੀ ਰੱਖਣ ਦੀ ਆਗਿਆ ਹੈ,(ਸਮਾਜਿਕ ਦੂਰੀ ਅਤੇ ਠੇਕੇਦਾਰਾਂ ਵੱਲੋਂ ਮਜ਼ਦੂਰਾਂ ਨੂੰ ਜਾਂ ਤਾਂ ਇਕ ਜਗਾ 'ਤੇ ਰੱਖਿਆ ਜਾਵੇਗਾ ਜਾਂ ਟਰਾਂਸਪੋਰਟ ਦੀ ਵਿਵਸਥਾ ਠੇਕੇਦਾਰ ਦੁਆਰਾ ਕੀਤੀ ਜਾਏਗੀ।

ਸ਼ਹਿਰੀ ਖੇਤਰਾਂ ਵਿਚ ਸਿਰਫ ਚੱਲ ਰਹੇ ਪ੍ਰਾਜੈਕਟ ਹੀ ਸਾਈਟ 'ਤੇ ਕਰਮਚਾਰੀਆਂ ਦੀ ਉਪਲਬਧਤਾ ਦੇ ਅਧੀਨ ਜਾਰੀ ਰੱਖ ਸਕਦੇ ਹਨ। ਇਸ ਤੋਂ ਇਲਾਵਾ ਨਿੱਜੀ ਰਿਹਾਇਸ਼ੀ / ਵਪਾਰਕ ਬਿਲਡਿੰਗਜ਼ ਸਬੰਧੀ ਨਵਾ ਕੰਮ ਸ਼ੁਰੂ ਕਰਨ ਲਈ ਸਬੰਧਤ ਉਪ ਮੰਡਲ ਮੈਜਿਸਟਰੇਟ ਤੋਂ ਮਨਜ਼ੂਰੀ ਪ੍ਰਾਪਤ ਕਰਨੀ ਹੋਵੇਗੀ।

ਉਪਰੋਕਤ ਤੋਂ ਇਲਾਵਾ, ਖੇਤੀਬਾੜੀ ਸੈਕਟਰ ਨਾਲ ਸਬੰਧਤ ਦੁਕਾਨਾਂ ਨੂੰ ਪਹਿਲਾਂ ਹੀ ਦਿੱਤੀਆਂ ਗਈਆਂ ਕੁਝ ਛੋਟਾਂ ਜਾਰੀ ਰਹਿਣਗੀਆਂ। ਜ਼ਿਲਾ ਫਰੀਦਕੋਟ ਵਿੱਚ ਇਸੇ ਤਰਾਂ ਉਦਯੋਗ ਖੇਤਰ ਨੂੰ ਚਲਾਉਣ ਲਈ ਪਹਿਲਾਂ ਤੋਂ ਦਿੱਤੀਆਂ ਛੋਟਾਂ ਜਾਰੀ ਰਹਿਣਗੀਆਂ।

ਸੁਪਰ ਸਟੋਰ ਜਿਵੇ ਕਿ  ਈ ਜ਼ੀ ਡੇਅ, ਮੋਰ, ਆਧਾਰ ਆਦਿ ਸਵੇਰੇ 07.00 ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੇ ਅਤੇ ਇੱਕ ਵਾਰ ਵਿੱਚ 05 ਤੋਂ ਵੱਧ ਵਿਅਕਤੀਆਂ ਨੂੰ ਆਪਣੀਆਂ ਦੁਕਾਨਾਂ 'ਤੇ ਅੰਦਰ ਜਾਣ ਇਜਾਜ਼ਤ ਨਹੀਂ ਦੇਣਗੇ। ਇਸ ਤੋਂ ਬਾਅਦ ਉਹ ਜਰੂਰੀ ਵਸਤਾਂ ਦੀ ਘਰ ਘਰ ਸਪਲਾਈ ਕਰ ਸਕਣਗੇ।

ਵੱਖ-ਵੱਖ ਕਰਿਆਨਾ ਦੀਆਂ ਦੁਕਾਨਾਂ, ਮੈਡੀਕਲ ਸਟੋਰਾਂ ਨੂੰ ਦਿੱਤੀਆਂ ਗਈਆਂ ਸਾਰੀਆਂ ਇਜਾਜ਼ਤਾਂ ਦਾ ਮਤਲਬ ਦੁਪਹਿਰ 3 ਵਜੇ ਤੋਂ ਬਾਅਦ ਰਾਸ਼ਨ, ਫਲ, ਸਬਜ਼ੀਆਂ ਅਤੇ ਦਵਾਈਆਂ ਦੀ ਘਰ ਘਰ ਸਪਲਾਈ ਜਾਰੀ ਰਹੇਗੀ ਜਿਵੇਂ ਕਿ ਪਹਿਲਾਂ ਕੀਤੀ ਗਈ ਸੀ।

ਜ਼ਿਲਾ ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਵਿਖੇ ਰੋਜ਼ਾਨਾ ਖੁੱਲਣ ਵਾਲੀਆਂ ਦੁਕਾਨਾਂ ਦਾ ਸ਼ਡਿਊਲ

ਇਹ ਦੁਕਾਨਾਂ ਹੋਰ ਰੋਜ ਸਵੇਰੇ 07.00 ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ: ਜਿਵੇ ਕਿ ਕਰਿਆਨੇ ਅਤੇ ਬੇਕਰੀ ਦੀ ਸਪਲਾਈ,ਤਾਜ਼ੇ ਫਲ ਅਤੇ ਸਬਜ਼ੀਆਂ, ਮੀਟ ਅਤੇ ਅੰਡੇ ,ਪੀਣ ਵਾਲੇ ਪਾਣੀ ਦੀ ਸਪਲਾਈ, ਚਾਰੇ ਦੀ ਸਪਲਾਈ, ਪੋਲਟਰੀ ਫੀਡ, ਪਸ਼ੂ ਫੀਡ ਆਦਿ। ਮੈਡੀਕਲ ਸਟੋਰਾਂ ਤੋਂ ਦਵਾਈਆਂ ਅਤੇ ਹੋਰ ਫਾਰਮਾਸਿਟੀਕਲ ,ਮੈਡੀਕਲ ਲੈਬਾਰਟਰੀ / ਡਾਇਗਨੋਸਟਿਕ ਸੈਂਟਰ ਅਤੇ ਆਪਟੀਕਲ ਦੁਕਾਨਾਂ,  ਮਟਨ ਅਤੇ ਚਿਕਨ ਦੀਆਂ ਦੁਕਾਨਾਂ ਸ਼ਾਮਿਲ ਹਨ।

ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਵਿਖੇ ਜੋਨ ਵਾਈਜ ਅਤੇ ਦਿਨ ਵਾਈਜ਼ ਖੁੱਲਣ ਵਾਲੀਆਂ ਦੁਕਾਨਾਂ ਦਾ ਵੇਰਵਾ

ਹੇਠ ਲਿਖੀ  ਸ਼੍ਰੇਣੀਆਂ ਦੀਆਂ ਦੁਕਾਨਾਂ / ਦਿਨਾਂ ਅਨੁਸਾਰ ਸਵੇਰੇ 07.00 ਤੋਂ ਦੁਪਹਿਰ 3 ਵਜੇ ਤੱਕ ਜ਼ੋਨ ਵਾਈਸ ਖੋਲਣ ਦੀ ਆਗਿਆ ਹੋਵੇਗੀ। ਇਸ ਸ਼੍ਰੇਣੀ ਦੀਆਂ ਉਹ ਦੁਕਾਨਾਂ ਜੋ ਕਿ ਮਾਰਕਿਟ ਜਾਂ ਮਾਰਕਿਟ ਕੰਪਲੈਕਸ ਵਿਚ ਨਹੀਂ ਹਨ, ਤੇ ਉਨਾਂ ਨੂੰ ਦਿਨ ਵਾਈਜ ਅਤੇ ਜੋਨ ਵਾਈਜ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲਣ ਦੀ ਇਜ਼ਾਜਤ ਦਿੱਤੀ ਗਈ ਹੈ।

ਕਿਹੜੇ ਜੋਨ ਦੀਆਂ ਦੁਕਾਨਾਂ ਕਿਸ ਕਿਸ ਦਿਨ ਖੁੱਲਣਗੀਆਂ - (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ)

ਜ਼ੋਨ ਏ- ਫਰੀਦਕੋਟ, ਸਰਕੂਲਰ ਰੋਡ ਫਰੀਦਕੋਟ ਦਾ ਸਾਰਾ ਖੇਤਰ, ਸੋਮਵਾਰ ਅਤੇ ਵੀਰਵਾਰ ਉਪਰੋਕਤ ਸਮੇਂ ਅਨੁਸਾਰ ਦੁਕਾਨਾਂ ਖੁੱਲਣਗੀਆਂ।

ਜ਼ੋਨ ਬੀ- ਫਰੀਦਕੋਟ, ਉਹ ਦੁਕਾਨਾਂ ਜਿਹੜੀਆਂ ਕਿ ਭੋਲੂਵਾਲਾ ਰੋਡ ਦੇ ਖੱਬੇ ਪਾਸੇ ਤੋਂ ਰੇਲਵੇ ਸਟੇਸ਼ਨ ਤੋਂ ਭਾਈ ਘਨੱਈਆ ਚੌਂਕ ਤੋਂ ਬੱਸ ਸਟੈਂਡ ਰੋਡ ਤੋਂ ਅੱਗੇ ਅਮਰ ਆਸ਼ਰਮ ਤੋਂ ਕਮਿਆਨਾ ਚੌਂਕ ਅਤੇ ਟੀ ਸੀ ਪੀ ਆਰਮੀ ਗੇਟ ਤੱਕ, ਮੰਗਲਵਾਰ ਤੇ ਸੁਕਰਵਾਰ ਉਪਰੋਕਤ ਸਮੇਂ ਅਨੁਸਾਰ ਦੁਕਾਨਾਂ ਖੁੱਲਣਗੀਆਂ।

ਜ਼ੋਨ ਸੀ- ਫਰੀਦਕੋਟ, ਉਹ ਦੁਕਾਨਾਂ ਜਿਹੜੀਆਂ ਕਿ ਭੋਲੂਵਾਲਾ ਰੋਡ ਦੇ ਸੱਜੇ ਪਾਸੇ ਭੋਲੂਵਾਲਾ ਰੋਡ ਤੋਂ ਰੇਲਵੇ ਸਟੇਸ਼ਨ ਤੋਂ ਭਾਈ ਘਨੱਈਆ ਚੌਂਕ ਤੋਂ ਨੰਦਿਆਣਾ ਗੇਟ ਗਊਸ਼ਾਲਾ ਤੋਂ ਨਿਊ ਮਾਡਲ ਸਕੂਲ ਤੋਂ ਕਮਿਆਨਾ ਚੌਂਕ ਅਤੇ ਟੀ ਸੀ ਪੀ ਆਰਮੀ ਗੇਟ ਤੱਕ ਦੀਆਂ ਦੁਕਾਨਾਂ ਬੁੱਧਵਾਰ ਤੇ ਸ਼ਨੀਵਾਰ ਉਪਰੋਕਤ ਸਮੇਂ ਅਨੁਸਾਰ ਖੁੱਲਣਗੀਆਂ।

ਕੋਟਕਪੂਰਾ ਸ਼ਹਿਰ ਦਾ ਜੋਨ ਵਾਈਜ ਵੇਰਵਾ (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ)

ਜੋਨ ਏ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਮੁਕਤਸਰ ਰੋਡ ਤੋਂ ਖੱਬੇ ਪਾਸੇ ਤੋਂ ਬੱਤੀਆਂ ਵਾਲਾ ਚੌਂਕ ਤੋਂ ਮੋਗਾ ਰੋਡ ਤੱਕ ਹਨ, ਸੋਮਵਾਰ ਤੇ ਵੀਰਵਾਰ ਤੱਕ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਜੋਨ ਬੀ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਮੁਕਤਸਰ ਰੋਡ ਤੋਂ ਸੱਜੇ ਪਾਸੇ ਤੋਂ ਬੱਤੀਆਂ ਵਾਲਾ ਚੌਂਕ ਤੋਂ ਪੁਰਾਣਾ ਜੈਤੋ ਰੋਡ ਤੱਕ ਹਨ,ਮੰਗਲਵਾਰ ਤੇ ਸੁਕਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਜੋਨ ਸੀ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਬੱਤੀਆਂ ਵਾਲਾ ਚੌਂਕ ਦੇ ਵਿਚ ਹਨ ਤੋਂ ਓਲਡ ਜੈਤੋ ਰੋਡ ਅਤੇ ਮੋਗਾ ਰੋਡ ਤੱਕ, ਬੁੱਧਵਾਰ ਅਤੇ ਸ਼ਨੀਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਜੈਤੋ ਦਾ ਜੋਨ ਵਾਈਜ ਵੇਰਵਾ (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ)

ਜੋਨ ਏ- ਜੈਤੋਂ, ਉਹ ਦੁਕਾਨਾਂ ਜਿਹੜੀਆਂ ਸਿਰਫ ਕੋਟਕਪੂਰਾ ਤੋਂ ਬਠਿੰਡਾ ਮੇਨ ਰੋਡ ਦੇ ਖੱਬੇ ਪਾਸੇ ਹਨ, ਸੋਮਵਾਰ ਤੇ ਵੀਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਜੋਨ ਬੀ- ਜੈਤੋਂ, ਉਹ ਦੁਕਾਨਾਂ ਜਿਹੜੀਆਂ ਕੋਟਕਪੂਰਾ ਬਠਿੰਡਾ ਰੋਡ ਦੇ ਵਿਚਕਾਰ,ਰੇਲਵੇ ਲਾਈਨ ਤੱਕ, ਮੰਗਲਵਾਰ ਤੇ ਸ਼ੁਕਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਜੋਨ ਸੀ- ਜੈਤੋਂ,ਰੇਲਵੇ ਕਰੋਸਿੰਗ ਤੋਂ ਪਾਰ ਦੀਆਂ ਦੁਕਾਨਾਂ, ਬਸਤੀ ਪੀਰ ਖਾਨਾ ਤੋਂ ਮੁਕਤਸਰ ਰੋਡ, ਬੁੱਧਵਾਰ ਤੇ ਸ਼ਨੀਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲਣਗੀਆਂ।

ਇਨਾਂ ਖੇਤਰਾਂ ਵਿਚ ਦੁਕਾਨਾਂ ਖੋਲਣ ਵਾਲੇ ਦੁਕਾਨਦਾਰ ਅਤੇ ਇਨਾਂ ਦੁਕਾਨਾਂ ਤੇ ਆਉਣ ਵਾਲੇ ਲੋਕ ਸਮਾਜਿਕ ਦੂਰੀ ਬਣਾਈ ਰੱਖਣਗੇ।ਦੁਕਾਨਦਾਰ ਸਮਾਜਿਕ ਦੂਰੀ ਬਣਾਈ ਰੱਖਣ ਲਈ ਆਪਣੀਆਂ ਦੁਕਾਨਾਂ ਦੇ ਅੱਗੇ ਚੱਕਰ ਲਗਾਉਣਗੇ।ਇਸ ਤੋਂ ਇਲਾਵਾ ਦੁਕਾਨਦਾਰ ਅਤੇ ਗਾਹਕ ਕੋਵਿਡ-19 ਤੋਂ ਬਚਾਅ ਲਈ ਸੈਨੇਟਾਈਜ਼ਰ ਦੀ ਵਰਤੋਂ, ਅਤੇ ਮੂੰਹ ਨੂੰ ਢੱਕਣ ਲਈ ਮਾਸਕ ਜਾਂ ਕੱਪੜੇ ਦੀ ਵਰਤੋਂ ਕਰਨਗੇ।

ਜ਼ਿਲਾ ਮੈਜਿਸਟਰੇਟ ਨੇ ਕਿਹਾ ਕਿ ਨਿਰਧਾਰਿਤ ਸਮੇਂ ਤੋਂ ਭਾਵ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੋਂ ਬਾਅਦ ਕਿਸੇ ਕਿਸਮ ਦੀਆਂ ਦੁਕਾਨਾਂ ਨਹੀਂ ਖੁੱਲਣਗੀਆਂ ਅਤੇ ਐਤਵਾਰ ਨੂੰ ਕੋਈ ਦੁਕਾਨ ਨਹੀਂ ਖੁੱਲੇਗੀ।

ਇਹ ਹੁਕਮ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 471850 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 471393 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 334916 ਮੀਟਰਕ ਟਨ ਦੀ ਲਿਫਟਿੰਗ ਹੋਈ

ਫਰੀਦਕੋਟ 7 ਮਈ ( ) ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 471850 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 471393 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਉਨ੍ਹਾਂ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 144134 ਮੀਟਰਕ ਟਨ, ਮਾਰਕਫੈੱਡ ਵੱਲੋਂ 109623 ਮੀਟਰਕ ਟਨ,ਪਨਸਪ ਵੱਲੋਂ 107646 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 68939 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 40251 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਲਿਫਟਿੰਗ ਦਾ ਕੰਮ ਵੀ ਤੇਜੀ ਨਾਲ ਚਲ ਰਿਹਾ ਹੈ।ਜਿਲੇ ਦੇ ਖਰੀਦ ਕੇਂਦਰਾਂ ਵਿੱਚੋਂ ਵਿਚ ਲਿਫਟਿੰਗ ਦੇ ਕੰਮ ਵਿਚ ਹੋਰ ਤੇਜੀ ਲਿਆਂਦੀ ਗਈ ਹੈ ਅਤੇ ਜ਼ਿਲੇ ਦੀਆਂ ਮੰਡੀਆਂ ਵਿਚੋਂ ਹੁਣ ਤੱਕ 334916 ਮੀਟਰਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ।

Dispach No. 1/22816/2020

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਜਿਲ੍ਹਾ ਡਿਜਾਸਟਰ ਮੈਨੇਜਮੈਂਟ ਅਥਾਰਟੀ ਦੀ ਮੀਟਿੰਗ ਆਯੋਜਿਤ

ਫਰੀਦਕੋਟ 7 ਮਈ 2020 (      ) ਜਿਲ੍ਹਾ ਮੈਜਿਸਟ੍ਰੇਟ ਕਮ-ਡਿਪਟੀ-ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਪ੍ਰਧਾਨਗੀ ਹੇਠ ਜਿਲ੍ਹਾ ਡਿਜਾਸਟਰ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਵਿਚ ਸੀਨੀਅਰ ਪੁਲਿਸ ਕਪਤਾਨ ਸ: ਮਨਜੀਤ ਸਿੰਘ ਢੇਸੀ, ਐਸ.ਡੀ.ਐਮ ਫਰੀਦਕੋਟ ਸ:ਪਰਮਦੀਪ ਸਿੰਘ, ਐਸ.ਡੀ.ਐਮ ਕੋਟਕਪੂਰਾ ਸ੍ਰੀ ਅਮਿਤ ਸਰੀਨ ਅਤੇ ਐਸ.ਡੀ.ਐਮ ਜੈਤੋ ਡਾ: ਮਨਦੀਪ ਕੌਰ ਵੀ ਹਾਜ਼ਰ ਸਨ।

ਮੀਟਿੰਗ ਵਿਚ ਕੋਵਿਡ-19 ਮਹਾਂਮਾਰੀ ਨੂੰ ਜਿਲ੍ਹੇ ਵਿਚ ਫੈਲਣ ਤੋਂ ਰੋਕਣ ਲਈ ਕੇਂਦਰ ਤੇ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਜਿਲ੍ਹੇ ਦੇ ਵਸਨੀਕਾਂ ਦੇ ਰਹਿਣ ਲਈ ਬਣਾਏ ਗਏ ਇਕਾਂਤਵਾਸ ਕੇਂਦਰਾਂ ਵਿਚ ਲੋਕਾਂ ਨੂੰ ਰਿਹਾਇਸ਼, ਖਾਣੇ ਅਤੇ ਹੋਰ ਜਰੂਰੀ ਵਸਤਾਂ ਦੀਆਂ ਸੇਵਾਵਾਂ, ਕੋਵਿਡ ਕੇਅਰ ਸੈਂਟਰ, ਕੋਵਿਡ-19 ਦੇ ਆਇਸੋਲੇਸ਼ਣ ਵਾਰਡਾਂ ਵਿਚ ਇਲਾਜ ਲਈ ਭਰਤੀ ਕੀਤੇ ਜਾ ਰਹੇ ਅਤੇ ਆਉਣ ਵਾਲੇ ਦਿਨਾਂ ਵਿਚ ਇਸ ਮਹਾਂਮਾਰੀ ਦੇ ਫੈਲਾਅ ਨੂੰ ਜਿਲੇ ਵਿਚ ਰੋਕਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਬਾਰੇ ਵਿਚਾਰ ਕੀਤਾ ਗਿਆ।

ਮੀਟਿੰਗ ਵਿਚ ਡੀ.ਐਸ.ਪੀ ਅਵਤਾਰ ਚੰਦ, ਡੀ.ਐਫ.ਐਸ.ਈ ਜ਼ਸਪ੍ਰੀਤ ਸਿੰਘ ਕਾਹਲੋ, ਡੀ.ਡੀ.ਪੀ.ਓ ਸ੍ਰੀਮਤੀ ਬਲਜੀਤ ਕੌਰ, ਚੇਅਰਪਰਸਨ ਜਿਲ੍ਹਾ ਪਰਿਸ਼ਦ ਸ੍ਰੀਮਤੀ ਕਿਰਨਦੀਪ ਕੌਰ ਤੋਂ ਇਲਾਵਾ ਆਬਕਾਰੀ ਤੇ ਕਰ ਵਿਭਾਗ ਅਤੇ ਹੋਰ ਸਬੰਧਤ ਅਫ਼ਸਰ ਵੀ ਹਾਜ਼ਿਰ ਸਨ।

Dispatch No I/22853/2020

## ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਰਕਾਰੀ,ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲ ਕਿਸੇ ਵੀ ਕੰਮ ਲਈ ਖੋਲਣ ਤੇ ਰੋਕ ਲਗਾਈ

## ਜ਼ਿਲ੍ਹੇ ਵਿਚ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨੂੰ ਆਨ ਲਾਈਨ ਪੜ੍ਹਾਈ ਕਰਾਉਣ ਦੇ ਫੈਸਲੇ ਨੂੰ ਵੀ ਮਿਤੀ 10-05-2020 ਤੱਕ ਵਾਪਿਸ ਲਿਆ

## ਇਹ ਹੁਕਮ ਤੁਰੰਤ ਪ੍ਰਭਾਵੀ ਅਸਰ ਸਹਿਤ ਲਾਗੂ ਹੋਣਗੇ

ਫਰੀਦਕੋਟ 07 ਮਈ, 2020 () ਜ਼ਿਲ੍ਹਾ ਮੈਜਿਸਟਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐਸ ਨੇ ਜ਼ਿਲ੍ਹੇ ਵਿਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਤਾ ਦੇ ਵਿਚ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆ ਵਿਭਾਗ, ਚੰਡੀਗੜ੍ਹ ਰਾਹੀਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਪ੍ਰਾਈਵੇਟ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ 10 ਕਰਮਚਾਰੀਆਂ ਦੇ ਸਟਾਫ ਸਹਿਤ ਬੱਚਿਆਂ ਨੂੰ ਆਨ ਲਾਈਨ ਪੜ੍ਹਾਈ ਕਰਾਉਣ ਦੇ ਮੰਤਵ ਨਾਲ ਸੋਮਵਾਰ ਤੋਂ ਸ਼ਨੀਵਾਰ ਤੱਕ ਸਵੇਰੇ 09 00 ਵਜੇ ਤੋਂ ਬਾਅਦ ਦੁਪਹਿਰ 01 00 ਵਜੇ ਤੱਕ ਪ੍ਰਾਈਵੇਟ ਸਕੂਲ ਖੋਲਣ ਦੀ ਪ੍ਰਵਾਨਗੀ ਦਿੱਤੀ ਗਈ ਸੀ।

ਉਨ੍ਹਾਂ ਕਿਹਾ ਕਿ ਇਸ ਦਫਤਰ ਦੇ ਧਿਆਨ ਵਿਚ ਆਇਆ ਹੈ ਕਿ ਡਾਇਰੈਕਟਰ ਸਿੱਖਿਆ ਵਿਭਾਗ(ਸੈ ਸਿੰ)ਪੰਜਾਬ ਮੋਹਾਲੀ ਮਿਤੀ 10 04 2020 ਰਾਹੀਂ ਸਮੂਹ ਸਰਕਾਰੀ,ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿਚ ਮਿਤੀ 10-05-2020 ਤੱਕ ਗਰਮੀਆਂ ਦੀਆਂ ਛੁੱਟੀਆਂ ਹੋਣ ਕਾਰਨ ਇਸ ਦਫਤਰ ਵੱਲੋਂ ਇਹ ਹੁਕਮ ਵਾਪਿਸ ਲਿਆ ਗਿਆ ਹੈ ਉਨ੍ਹਾਂ ਕਿਹਾ ਕਿ ਕੋਈ ਵੀ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲ ਕਿਸੇ ਵੀ ਕੰਮ ਲਈ ਖੋਲੇ ਨਹੀਂ ਜਾਣਗੇ ਉਨ੍ਹਾਂ ਕਿਹਾ ਕਿ ਮਿਤੀ 11-05-2020 ਤੋਂ (ਛੁੱਟੀਆਂ ਖਤਮ ਹੋਣ ਉਪਰੰਤ) ਇਸ ਦਫਤਰ ਵੱਲੋਂ ਜਾਰੀ ਹੁਕਮ ਨੰ:413/ਫਸ ਜੋ ਕਿ ਪਿ ਅੰ ਨੰ:2510/ਫਸ-ਫਕ-2 ਮਿਤੀ 05-05-2020 ਜਾਰੀ ਹੁਕਮ ਫਰੀਦਕੋਟ ਜ਼ਿਲ੍ਹੇ ਅੰਦਰ ਲਾਗੂ ਰਹਿਣਗੇ। ਇਹ ਹੁਕਮ ਤੁਰੰਤ ਪ੍ਰਭਾਵੀ ਅਸਰ ਸਹਿਤ ਲਾਗੂ ਹੋਣਗੇ।

Dispatch No. I/22868/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਹਜ਼ੂਰ ਸਾਹਿਬ ਤੋਂ ਫਰੀਦਕੋਟ ਪਹੁੰਚੇ 130 ਸ਼ਰਧਾਲੂਆਂ ਚੋਂ 38 ਪਾਜ਼ੇਟਿਵ 71 ਨੈਗੇਟਿਵ 21 ਦੀ ਰਿਪੋਰਟ ਪੈਂਡਿਗ

ਪਾਜ਼ੇਟਿਵ ਵਿਅਕਤੀਆਂ ਦੇ ਸੰਪਰਕ 'ਚ ਆਏ ਵਿਅਕਤੀਆਂ ਦੇ ਲਏ ਜਾ ਰਹੇ ਹਨ ਸੈਂਪਲ

ਫਰੀਦਕੋਟ 7 ਮਈ ( ) ਸਿਹਤ ਮੰਤਰੀ ਬਲਵੀਰ ਸਿੰਘ ਸਿੱਧੂ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ ਏ ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਅੰਦਰ ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿੱਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਸਥਾਪਿਤ ਫਲੂ ਕਾਰਨਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦਾ ਇਕਾਂਤਵਾਸ ਸੈਂਟਰਾਂ ਵਿੱਚ ਮੈਡੀਕਲ ਸਕਰੀਨਿੰਗ ਅਤੇ ਕੋਵਿਡ-19 ਦੇ ਸੈਂਪਲ ਲੈਣ ਦਾ ਕੰਮ ਚੱਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਇਹਨਾਂ ਸੈਂਪਲਾਂ ਵਿੱਚੋਂ ਹਜ਼ੂਰ ਸਾਹਿਬ ਤੋਂ ਫਰੀਦਕੋਟ ਪਹੁੰਚੇ 130 ਸ਼ਰਧਾਲੂਆਂ ਚੋਂ 1 ਹੋਰ ਔਰਤ ਦੀ ਰਿਪੋਰਟ ਪਾਜ਼ੇਟਿਵ ਆਈ ਹੈ ਜਿਸ ਨਾਲ ਪਾਜ਼ੇਟਿਵ ਕੇਸਾਂ ਦੀ ਗਿਣਤੀ 38 ਹੋ ਗਈ ਹੈ, 71 ਸ਼ਰਧਾਲੂਆਂ ਦੀ ਰਿਪੋਰਟ ਨੈਗੇਟਿਵ ਹੈ ਅਤੇ 21 ਸ਼ਰਧਾਲੂਆਂ ਦੀ ਰਿਪੋਰਟ ਅਜੇ ਪੈਂਡਿਗ ਹੈ।ਇਹਨਾਂ ਪਾਜ਼ੇਟਿਵ ਆਏ ਮਰੀਜ਼ਾਂ ਨੂੰ ਸਥਾਨਕ ਜੀ.ਜੀ.ਐਸ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।ਹੁਣ ਜ਼ਿਲੇ ਫਰੀਦਕੋਟ ਦੇ ਕੁੱਲ ਕੋਰੋਨਾ ਪਾਜ਼ੇਟਿਵ ਐਕਟਿਵ ਕੇਸ 42 ਹਨ।ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ,ਸਰਧਾਲੂਆਂ,ਮਜਦੂਰਾਂ ਅਤੇ ਹੋਰ ਵਿਅਕਤੀਆਂ ਅਤੇ ਜ਼ਿਲੇ ਵਿੱਚ ਆਮ ਲੋਕਾਂ ਲਈ ਸਥਾਪਿਤ ਫਲੂ ਕਾਰਨਰ ਤੇ ਕੋਰੋਨਾ ਦੇ ਅੱਜ ਤੱਕ ਕੁੱਲ 2282 ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਡਾ.ਰਜਿੰਦਰ ਨੇ ਦੱਸਿਆ ਕਿ ਸਰਕਾਰ ਦੇ ਉਪਰਾਲੇ ਸਦਕਾਂ ਹੁਣ ਸੈਂਪਲਿੰਗ ਦੇ ਨਤੀਜਿਆਂ ਵਿੱਚ ਤੇਜੀ ਲਿਆਉਣ ਲਈ ਪ੍ਰਾਈਵੇਟ ਲਾਲ ਪੈਥ ਲੈਬ ਨਾਲ ਗੱਠਜੋੜ ਕਰ ਲਿਆ ਗਿਆ ਹੈ।ਡਾ.ਰਜਿੰਦਰ ਨੇ ਕਿਹਾ ਕਿ ਮਾਨਯੋਗ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਬਾਹਰਲੇ ਸੂਬੇ ਤੋਂ ਆਏ ਵਿਅਤਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ ਸਹਿਣ, ਖਾਣ-ਪੀਣ, ਮੈਡੀਕਲ ਜਾਂਚ ਅਤੇ ਸੈਂਪਲ ਇਕੱਤਰ ਕਰਨ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ।ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਇਕਾਂਤਵਾਸ ਵਿੱਚ ਰਹਿ ਰਹੇ ਵਿਅਕਤੀਆਂ ਨੂੰ ਇੱਕ ਦੂਸਰੇ ਦਾ ਸਮਾਨ ਜਾਂ ਕੋਈ ਵਸਤੂ ਸ਼ੇਅਰ ਨਾ ਕਰਨ ਦੀ ਹਦਾਇਤ ਕੀਤੀ ਉਨਾਂ ਜ਼ਿਲਾ ਨਿਵਾਸੀਆਂ ਨੂੰ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਦੁਆਰਾ ਜਾਰੀ ਹਦਾਇਤਾਂ ਅਤੇ ਸਾਵਧਾਨੀਆਂ ਦਾ ਪਾਲਣ ਕਰਨ ਦੀ ਅਪੀਲ ਵੀ ਕੀਤੀ।